**ਫਰੀਦਕੋਟ : ਸੀ ਆਈ ਏ ਸਟਾਫ ਜੈਤੋ ਦੀ ਵੱਡੀ ਕਾਰਵਾਈ, ਦੜਾ ਸੱਟਾ ਚਲਾਉਂਦੇ 5 ਵਿਅਕਤੀਆਂ ਨੂੰ ਕੀਤਾ ਕਾਬੂ**

ਸੀ.ਆਈ. ਸਟਾਫ ਜੈਤੋ ਦੀ ਟੀਮ ਵੱਲੋਂ ਫਰੀਦਕੋਟ ਦੇ ਪੁਰਾਣਾ ਬੱਸ ਸਟੈਂਡ ਮਾਰਕੀਟ ਵਿਚ ਇਕ ਚੁਬਾਰੇ' ਤੇ ਰੇਡ ਕਰ ਦੜਾ ਸੱਟਾ ਕੈਸੀਨੋ ਚਲਾਏ ਜਾਣ ਦਾ ਪਰਦਾਫਾਸ਼ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸੀ.ਆਈ.ਏ. ਸਟਾਫ ਜੈਤੋ ਦੇ ਇੰਚਾਰਜ ਕੁਲਬੀਰ ਚੰਦ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਅਧਾਰ 'ਤੇ ਉਨ੍ਹਾਂ ਦੀ ਟੀਮ ਵੱਲੋਂ ਪੁਰਾਣਾ ਬੱਸ ਅੱਡਾ ਫਰੀਦਕੋਟ ਵਿਖੇ ਇਕ ਚੁਬਾਰੇ'ਤੇ ਰੇਡ ਕੀਤੀ ਗਈ ਤਾਂ ਉਥੇ ਦੜਾ ਸੱਟਾ ਕੈਸੀਨੋ ਚੱਲ ਰਿਹਾ ਸੀ। ਮੋਕੇ'ਤੇ 5 ਲੋਕਾਂ ਨੂੰ ਕਾਬੂ ਕਰ ਲਿਆ ਗਿਆ ਹੈ ਅਤੇ ਇਨ੍ਹਾਂ ਕੋਲੋਂ 7 ਕੰਪਿਊਟਰ ਅਤੇ 4600 ਰੁਪਏ ਦੀ ਨਕਦੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਥਿਤ ਦੋਸ਼ੀਆਂ ਖਿਲਾਫ ਥਾਣਾ ਸਿਟੀ ਫਰੀਦਕੋਟ ਵਿਚ ਮੁਕੱਦਮਾ ਦਰਜ ਕਰ ਲਿਆ ਗਿਅ ਹੈ ਅਤੇ ਹੋਰ ਜਾਣਕਾਰੀ ਲੈਣ ਲਈ ਇਨ੍ਹਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ।